# ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ

## ਦਫਤਰ:ਉਪ ਮੁੱਖ ਇੰਜੀਨੀਅਰ/ਇੰਨਕੁਆਰੀ ਏ-2, ਸ਼ਕਤੀ ਵਿਹਾਰ,ਪਟਿਆਲਾ।

ਦਫਤਰੀ ਹੁਕਮ ਨੰਬਰ/- **27** ਡੀ.ਐਸ.ਆਈ/ਡੀ-155/160 ਮਿਤੀ:- **20.05.2013**

ਜਿਵੇਂ ਕਿ ਸ੍ਰੀਮਤੀ ਰਾਜਵਿੰਦਰ ਕੌਰ, ਅਧੀਨ ਸਕੱਤਰ (ਕੋਡ ਨੰਬਰ 108171) ਜਦੋਂ ਉਹ ਸੰਯੁਕਤ ਸਕੱਤਰ/ਸੇਵਾਵਾਂ-1 ਪੀ.ਐਸ.ਪੀ.ਸੀ.ਐਲ. ਪਟਿਆਲਾ ਦੇ ਦਫਤਰ ਵਿਖੇ ਤੈਨਾਤ ਸੀ ਤਾਂ ਉਸ ਵੱਲੋਂ ਆਪਣੀ ਡਿਊਟੀ ਨਿਭਾਉਣ ਸਮੇਂ ਕੀਤੀਆਂ ਅਣਗਹਿਲੀਆਂ/ ਕੁਤਾਹੀਆਂ ਕਾਰਨ ਉਸ ਨੂੰ ਦੋਸ ਸੂਚੀ ਨੰਬਰ 07 ਮਿਤੀ 02.07.2012 ਉਸ ਵਿੱਚ ਦਰਸਾਏ ਗਏ ਦੋਸ਼ਾਂ ਲਈ ਸਮਰੱਥ ਅਧਿਕਾਰੀ ਜੀ ਦੀ ਪ੍ਰਵਾਨਗੀ ਨਾਲ ਜਾਰੀ ਕੀਤੀ ਗਈ।

ਜਿਵੇਂ ਕਿ ਸ੍ਰੀਮਤੀ ਰਾਜਵਿੰਦਰ ਕੌਰ ਅਧੀਨ ਸਕੱਤਰ (ਕੋਡ ਨੰਬਰ 108171) ਵੱਲੋਂ ਉਸ ਨੂੰ ਜਾਰੀ ਦੋਸ ਸੂਚੀ ਦਾ ਦਿੱਤਾ ਗਿਆ ਜਵਾਬ ਅਤੇ ਉਸ ਵੱਲੋ ਦਿੱਤੇ ਜਵਾਬ ਉਪਰ ਸਬੰਧਿਤ ਉਚ-ਅਧਿਕਾਰੀਆਂ ਦੀਆਂ ਟਿੱਪਣੀਆਂ ਪ੍ਰਾਪਤ ਹੋਣ ਉਪਰੰਤ ਕੇਸ ਸਮਰੱਥ ਅਧਿਕਾਰੀ ਸੀ.ਐਮ.ਡੀ., ਪੀ.ਐਸ.ਪੀ.ਸੀ.ਐਲ.,ਪਟਿਆਲਾ ਜੀ ਨੂੰ ਫੈਸਲੇ ਲਈ ਪੇਸ਼ ਕੀਤਾ ਗਿਆ ਅਤੇ ਸਮਰੱਥ ਅਧਿਕਾਰੀ ਜੀ ਵੱਲੋਂ ਇਸ ਕੇਸ ਦੀ ਵਿਭਾਗੀ ਪੜਤਾਲ ਕਰਵਾਉਣ ਦੇ ਆਦੇਸ਼ ਦਿੱਤੇ ਗਏ।

ਜਿਵੇਂ ਕਿ ਸਮਰੱਥ ਅਧਿਕਾਰੀ ਜੀ ਵੱਲੋਂ ਦਿੱਤੀ ਪ੍ਰਵਾਨਗੀ ਅਨੁਸਾਰ ਉਪ ਸਕੱਤਰ/ਇੰਨਕੁਆਰੀ ਪੀ.ਐਸ.ਪੀ.ਸੀ.ਐਲ. ਪਟਿਆਲਾ ਦੇ ਦਫਤਰੀ ਹੁਕਮ ਨੰਬਰ 27/ਡੀ.ਐਸ.ਆਈ.-155/160 ਮਿਤੀ 20.12.2012 ਰਾਹੀਂ ਦੋਸ ਸੂਚੀ ਵਿੱਚ ਲਗਾਏ ਗਏ ਦੋਸ਼ਾਂ ਦੀ ਵਿਭਾਗੀ ਪੜਤਾਲ ਕਰਨ ਲਈ ਇੰਜੀ: ਬੀ.ਐਸ. ਅਰੋੜਾ ਨਿਗਰਾਨ ਇੰਜੀਨੀਅਰ ਪਲੈਨਿੰਗ ਪੀ.ਐਸ.ਪੀ.ਸੀ.ਐਲ. ਪਟਿਆਲਾ ਨੂੰ ਪੜਤਾਲ ਅਫਸਰ ਅਤੇ ਇੰਜੀ: ਰਾਜੇਸ ਗੁਪਤਾ ਏ.ਈ.ਈ. ਨੂੰ ਪੇਸਕਸ ਅਫਸਰ ਨਿਯੁਕਤ ਕੀਤਾ ਗਿਆ।

ਜਿਵੇਂ ਕਿ ਨਿਗਰਾਨ ਇੰਜੀਨੀਅਰ ਪਲੈਨਿੰਗ ਕਮ ਪੜਤਾਲ ਅਫਸਰ, ਪੀ.ਐਸ.ਪੀ.ਸੀ.ਐਲ, ਪਟਿਆਲਾ ਦੇ ਦਫਤਰ ਵੱਲੋਂ ਮੀਮੋ ਨੰਬਰ ਗਸ-11/ਨਿਗ:ਇੰਜੀ: ਪਲੈਨਿੰਗ-3 ਮਿਤੀ 06.03.2013 ਅਨੁਸਾਰ ਕੇਸ ਦੀ ਪੜਤਾਲ ਕਰਕੇ ਪੜਤਾਲ ਰਿਪੋਰਟ ਇਸ ਦਫਤਰ ਨੂੰ ਭੇਜੀ ਗਈ ਅਤੇ ਇਹ ਪੜਤਾਲ ਰਿਪੋਰਟ ਇਸ ਦਫਤਰ ਦੇ ਮੀਮੋ ਨੰਬਰ 273 ਮਿਤੀ 07.03.2013 ਅਨੁਸਾਰ ਰੀਬਟਲ ਲਈ ਅਧਿਕਾਰਨ ਨੂੰ ਦਸਤੀ ਭੇਜੀ ਗਈ ਅਤੇ ਅਧਿਕਾਰਨ ਦਾ ਰੀਬਟਲ ਮਿਤੀ 19.03.2013 ਨੂੰ ਇਸ ਦਫਤਰ ਵਿਖੇ ਪ੍ਰਾਪਤ ਹੋ ਗਿਆ।

ਜਿਵੇ ਕਿ ਸ੍ਰੀਮਤੀ ਰਾਜਵਿੰਦਰ ਕੌਰ ਅਧੀਨ ਸਕੱਤਰ (ਕੋਡ ਨੰਬਰ 108171) ਵੱਲੋਂ ਉਸ ਨੂੰ ਜਾਰੀ ਦੋਸ ਸੂਚੀ ਦਾ ਦਿੱਤਾ ਗਿਆ ਜਵਾਬ,ਉਚ-ਅਧਿਕਾਰੀਆਂ ਦੀਆਂ ਟਿੱਪਣੀਆਂ,ਇੰਨਕੁਆਰੀ ਅਫਸਰ ਦੀ ਪੜਤਾਲ ਰਿਪੋਰਟ ਅਤੇ ਕੇਸ ਦੇ ਸਾਰੇ ਤੱਥਾਂ ਨੂੰ ਵਿਚਾਰਨ ਉਪਰੰਤ ਸੀ.ਐਮ.ਡੀ.,ਪੀ.ਐਸ.ਪੀ.ਸੀ.ਐਲ., ਪਟਿਆਲਾ ਜੀ ਵੱਲੋਂ ਅਧਿਕਾਰਨ ਸ੍ਰੀਮਤੀ ਰਾਜਵਿੰਦਰ ਕੌਰ ਅਧੀਨ ਸਕੱਤਰ (ਕੋਡ ਨੰਬਰ 108171 ਨੂੰ ਦੋਸ਼ ਸੂਚੀ ਵਿੱਚ ਲਗਾਏ ਦੋਸ਼ਾਂ ਲਈ ਜ਼ਿੰਮੇਵਾਰ ਨਾ ਠਹਿਰਾਉਦੇ ਹੋਏ ਉਸ ਵਿਰੁੱਧ ਕੋਈ ਵੀ ਕਾਰਵਾਈ ਨਾ ਕਰਨ ਦੇ ਹੁਕਮ ਕੀਤੇ ਗਏ ਹਨ।

ਇਸ ਲਈ ਇਸ ਦਫਤਰੀ ਹੁਕਮ ਰਾਹੀ ਸਮਰੱਥ ਅਧਿਕਾਰੀ ਜੀ ਵੱਲੋਂ ਦਿੱਤੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਸ੍ਰੀਮਤੀ ਰਾਜਵਿੰਦਰ ਕੌਰ ਅਧੀਨ ਸਕੱਤਰ (ਕੋਡ ਨੰਬਰ 108171) ਨੂੰ ਜਾਰੀ ਦੋਸ਼ ਸੂਚੀ ਨੰਬਰ 07 ਮਿਤੀ 02.07.2012 ਠੱਪ ਕੀਤੀ ਜਾਂਦੀ ਹੈ।

ਇਹ ਸਮਰੱਥ ਅਧਿਕਾਰੀ ਜੀ ਦੀ ਪ੍ਰਵਾਨਗੀ ਨਾਲ ਜਾਰੀ ਕੀਤਾ ਜਾਂਦਾ ਹੈ।

ਉਪ ਮੁੱਖ ਇੰਜੀਨੀਅਰ/ਇੰਨਕੁਆਰੀ,
ਪੀ.ਐਸ.ਪੀ.ਸੀ.ਐਲ, ਪਟਿਆਲਾ।

ਪਿੰਠ ਅੰਕਣ ਨੰਬਰ/- **461/469** ਡੀ.ਐਸ.ਆਈ/ਡੀ-155/160 **20.05.2013**

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਅਗਲੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :-

1) ਸੀਨੀਅਰ ਪੀ.ਐਸ.ਟੂ ਸੀ.ਐਮ.ਡੀ., ਪੀ.ਐਸ.ਪੀ.ਸੀ.ਐਲ., ਪਟਿਆਲਾ।
2) ਸੀਨੀਅਰ ਪੀ.ਐਸ. ਟੂ ਡਾਇਰੈਕਟਰ ਜਨਰੇਸ਼ਨ, ਪੀ.ਐਸ.ਪੀ.ਸੀ.ਐਲ., ਪਟਿਆਲਾ।
3) ਪੀ.ਐਸ.ਟੂ ਡੀ.ਜੀ.ਪੀ. ਵੀ ਐਡ ਐਸ, ਪੀ.ਐਸ.ਪੀ.ਸੀ.ਐਲ. ਪਟਿਆਲਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਨੱਥੀ ਦਫਤਰੀ ਹੁਕਮ ਦੀ ਕਾਪੀ ਅਧਿਕਾਰਨ ਨੂੰ ਸੌਂਪ ਕੇ ਉਸ ਦੀ ਮਿਤੀਬੱਧ ਪ੍ਰਾਪਤੀ ਰਸੀਦ ਪ੍ਰਤੀ-ਹਸਤਾਖਰ ਕਰਨ ਉਪਰੰਤ ਇਸ ਦਫਤਰ ਵਿਖੇ ਭੇਜੀ ਜਾਵੇ।
4) ਪੀ.ਐਸ. ਟੂ ਪ੍ਰਮੁੱਖ ਇੰਜੀਨੀਅਰ, ਐਚ.ਆਰ.ਡੀ., ਪੀ.ਐਸ.ਪੀ.ਸੀ.ਐਲ., ਪਟਿਆਲਾ।
5) ਉਪ ਮੁੱਖ ਇੰਜੀਨੀਅਰ/ਆਈ.ਟੀ., ਪੀ.ਐਸ.ਪੀ.ਸੀ.ਐਲ. ਪਟਿਆਲਾ ਨੂੰ ਭੇਜ ਕੇ ਲਿਖਿਆ ਜ਼ਾਦਾ ਹੈ ਕਿ ਇਸ ਦਫਤਰੀ ਹੁਕਮ ਨੂੰ ਪੀ.ਐਸ.ਪੀ.ਸੀ.ਐਲ., ਦੀ ਵੈਬ ਸਾਈਟ ਤੇ ਅੱਪ ਲੋਡ ਕੀਤਾ ਜਾਵੇ।
6) ਲੇਖਾ ਅਫਸਰ/ਤਨਖਾਹ ਤੇ ਲੇਖਾ, ਪੀ.ਐਸ.ਪੀ.ਸੀ.ਐਲ., ਪਟਿਆਲਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਸ ਦਫਤਰੀ ਹੁਕਮ ਦਾ ਇੰਦਰਾਜ ਕਰਮਚਾਰੀ ਦੀ ਸੇਵਾ ਪੱਤਰੀ ਵਿੱਚ ਕਰਕੇ ਪੰਨਾ ਨੰਬਰ ਇਸ ਦਫਤਰ ਨੂੰ ਸੂਚਿਤ ਕੀਤਾ ਜਾਵੇ।
7) ਸੰਯੁਕਤ ਸਕੱਤਰ ਸੇਵਾਵਾਂ-3, ਪੀ.ਐਸ.ਪੀ.ਸੀ.ਐਲ., ਪਟਿਆਲਾ।
8) ਸੰਯੁਕਤ ਸਕੱਤਰ/ਸੇਵਾਵਾਂ-2, ਪੀ.ਐਸ.ਪੀ.ਸੀ.ਐਲ, ਪਟਿਆਲਾ।
9) ਏ.ਐਮ.ਐਚ.ਆਰ./ਗਜ਼ਟੀ ਭਾਗ-2, ਪੀ.ਐਸ.ਪੀ.ਸੀ.ਐਲ., ਪਟਿਆਲਾ।
10) ਸ੍ਰੀਮਤੀ ਰਾਜਵਿੰਦਰ ਕੌਰ ਅਧੀਨ ਸਕੱਤਰ/ ਮਾਰਫਤ ਪੀ.ਐਸ.ਟੂ ਡੀ.ਜੀ.ਪੀ. ਵੀ ਐਡ ਐਸ, ਪੀ.ਐਸ.ਪੀ.ਸੀ.ਐਲ. ਪਟਿਆਲਾ

ਨੱਥੀ/01 ਲੜੀ ਨੰ: 09 ਲਈ।

ਉਪ ਮੁੱਖ ਇੰਜੀਨੀਅਰ /ਇੰਨਕੁਆਰੀ,
ਪੀ.ਐਸ.ਪੀ.ਸੀ.ਐਲ. ਪਟਿਆਲਾ।